ਜਗ ਬਾਣੀ ਈ-ਪੇਪਰ
WED,20 MARCH 2024
EDITION: CHANDIGARH , PAGE NO. 3

# ਪੰਜਾਬ 'ਚ ਅਫੀਮ ਦੀ ਖੇਤੀ ਦਾ ਪਰਦਾਫਾਸ਼ ; ਪੋਸਤ ਦੇ ਬੂਟਿਆਂ ਸਣੇ ਇਕ ਗ੍ਰਿਫਤਾਰ

ਜਲਾਲਾਬਾਦ, 19 ਮਾਰਚ (ਜ. ਬ., ਬਜਾਜ, ਆਦਰਸ਼, ਜਤਿੰਦਰ)–ਜ਼ਿਲਾ ਫਾਜ਼ਿਲਕਾ ਦੇ ਐੱਸ. ਐੱਸ. ਪੀ. ਵਰਿੰਦਰ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਉਪ-ਮੰਡਲ ਜਲਾਲਾਬਾਦ ਦੇ ਡੀ. ਐੱਸ. ਪੀ. ਅੱਛਰੂ ਰਾਮ ਦੀ ਯੋਗ ਅਗਵਾਈ ਹੇਠ ਨਸ਼ਾ ਸਮੱਗਲਰਾਂ ਦੇ ਖਿਲਾਫ ਵਿੱਢੀ ਮੁਹਿਮ ਤਹਿਤ ਕਾਰਵਾਈ ਕਰਦਿਆਂ ਪੁਲਸ ਚੌਕੀ ਘੁਬਾਇਆ, ਥਾਣਾ ਸਦਰ ਜਲਾਲਾਬਾਦ ਦੀ ਟੀਮ ਸਮੇਤ ਬੀ. ਐੱਸ. ਐੱਫ. ਕਰਮਚਾਰੀਆਂ ਵੱਲੋਂ ਖੇਤ ਵਿਚ ਪੋਸਤ ਦੀ ਖੇਤੀ ਕਰਨ ਵਾਲੇ ਵਿਅਕਤੀ ਨੂੰ ਪੋਸਤ ਦੇ ਹਰੇ ਬੂਟਿਆਂ ਸਣੇ ਕਾਬੂ ਕੀਤਾ ਗਿਆ ਹੈ।

ਇਸ ਸਬੰਧੀ ਸਥਾਨਕ ਥਾਣਾ ਸਦਰ ਵਿਖੇ ਪ੍ਰੈੱਸ ਮੀਟਿੰਗ ਦੌਰਾਨ ਡੀ. ਐੱਸ. ਪੀ. ਅੱਛਰੂ ਰਾਮ ਸ਼ਰਮਾ ਨੇ ਦੱਸਿਆ ਕਿ ਬੀਤੇ ਦਿਨ ਵੱਡੀ ਸਫਲਤਾ ਹਾਸਿਲ ਕਰਦੇ ਹੋਏ ਖੁਫੀਆ ਇਤਲਾਹ ਅਧੀਨ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਚੌਕੀ ਇੰਚਾਰਜ ਘੁਬਾਇਆ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਟੀਮ ਤੇ ਬੀ. ਐੱਸ. ਐੱਫ. ਕਰਮਚਾਰੀਆਂ ਵੱਲੋਂ ਢਾਣੀ ਬਚਨ ਸਿੰਘ ਦੇ ਖੇਤਾਂ ਵਿਚ ਛਾਪੇਮਾਰੀ ਕਰਦੇ ਹੋਏ ਖੇਤ 'ਚ ਬੀਜੇ ਹੋਏ ਪੋਸਤ ਦੇ ਹਰੇ ਬੂਟੇ ਬਰਾਮਦ ਕੀਤੇ ਗਏ ਹਨ। ਜਿਨ੍ਹਾਂ ਦਾ ਵਜ਼ਨ 13 ਕਿੱਲੋਂ 400 ਗ੍ਰਾਮ ਬਣਦਾ ਹੈ। ਇਸ ਮਾਮਲੇ ਅਧੀਨ ਪੋਸਤ ਦੀ ਖੇਤੀ ਕਰਨ ਵਾਲੇ ਵਿਅਕਤੀ ਹਿੰਮਤ ਸਿੰਘ ਪੁੱਤਰ ਟਿੱਕਣ ਸਿੰਘ ਵਾਸੀ ਢਾਣੀ ਬਚਨ ਸਿੰਘ ਦਾਖਲੀ ਚੱਕ ਖੀਵਾ ਨੂੰ ਕਾਬੂ ਕਰਦੇ ਹੋਏ ਥਾਣਾ ਸਦਰ ਜਲਾਬਾਦ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ।

ਡੀ. ਐੱਸ. ਪੀ. ਅੱਛਰੂ ਰਾਮ ਸ਼ਰਮਾ ਨੇ ਕਿਹਾ ਕਿ ਨਸ਼ੇ ਖਿਲਾਫ ਜਲਾਲਾਬਾਦ ਪੁਲਸ ਦੀ ਇਹ ਮੁਹਿਮ ਭਵਿੱਖ 'ਚ ਵੀ ਜਾਰੀ ਰਹੇਗੀ ਤੇ ਨਸ਼ਾ ਸਮੱਗਲਰਾਂ ਨੂੰ ਕਿਸੇ ਹਾਲਤ 'ਚ ਬਖਸ਼ਿਆ ਨਹੀਂ ਜਾਵੇਗਾ।



ਪੁਲਸ ਪਾਰਟੀ ਵੱਲੋਂ ਕਾਬੂ ਕੀਤਾ ਗਿਆ ਵਿਅਕਤੀ।

# ਰਿੰਦਾ ਸਮਰਥਕ ਅੱਤਵਾਦੀ ਮਾਡਿਊਲ ਦੇ 2 ਮੈਂਬਰ ਗ੍ਰਿਫਤਾਰ

ਫਾਜ਼ਿਲਕਾ, 19 ਮਾਰਚ (ਨਾਗਪਾਲ, ਲੀਲਾਧਰ)–ਜ਼ਿਲਾ ਫਾਜ਼ਿਲਕਾ ਪੁਲਸ ਨੇ ਇਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ ਇਕ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਫਾਜ਼ਿਲਕਾ ਦੇ

ਵਿਅਕਤੀਆਂ ਵਿਰੁੱਧ ਐੱਫ. ਆਈ. ਆਰ. ਦਰਜ ਕੀਤੀ ਗਈ ਸੀ। ਇਸ ਕੇਸ ਦਾ ਹੁਣ ਤਕ ਕੋਈ ਪਤਾ ਨਹੀਂ ਲੱਗ ਸਕਿਆ ਸੀ। ਫਾਜ਼ਿਲਕਾ ਪੁਲਸ ਨੇ ਇਨ੍ਹਾਂ ਨੂੰ ਗ੍ਰਿਫਤਾਰ ਕਰ ਕੇ ਬੀਤੇ ਦਿਨੀਂ ਥਾਣਾ ਸਿਟੀ 1 ਅਬੋਹਰ ਵਿਖੇ ਇਨ੍ਹਾਂ ਦੇ ਖਿਲਾਫ ਮਾਮਲਾ ਦਰਜ